# ਰਾਜ ਵਿਦਿਅਕ ਖ਼ੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ

ਪੀ.ਐਸ.ਈ.ਬੀ. ਕੰਪਲੈਕਸ, ਵਿੱਦਿਆ ਭਵਨ, ਬਲਾਕ-ਈ, ਛੇਵੀਂ ਮੰਜਿਲ, ਫੇਜ਼-8, ਐਸ.ਏ.ਐਸ.ਨਗਰ, ਮੋਹਾਲੀ,

ਈਮੇਲ: directorscert@punjabeducation.gov.in, ਫੋਨ ਨੰ: 0172-2212221

Azadi Ka Amrit Mahotsav

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)(ਐ.ਸਿ.),

ਸਮੂਹ ਪ੍ਰਿੰਸੀਪਲ ਡਾਇਟ

ਸਮੂਹ ਸਕੂਲ ਮੁਖੀ (ਪ੍ਰਾਇਮਰੀ/ਮਿਡਲ/ਹਾਈ/ਸੀਨੀਅਰ ਸੈਕੰਡਰੀ)

ਪੰਜਾਬ।

ਮੀਮੋ ਨੰ: SCERT/SCI/2022 329703 ਮਿਤੀ: 16/12/2022

**ਵਿਸ਼ਾ: ਪੰਜਾਬ ਰਾਜ ਦੇ ਸਕੂਲਾਂ ਵਿੱਚ ਸਾਹਿਬਜ਼ਾਦਿਆਂ ਦੀ ਯਾਦ ਨੂੰ ਸਮਰਪਿਤ ਕਿਰਿਆਵਾਂ ਕਰਵਾਉਣ ਬਾਰੇ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਜਿਵੇਂ ਕਿ ਆਪ ਸਭ ਜਾਣਦੇ ਹੀ ਹੋ ਕਿ ਦਸੰਬਰ ਮਹੀਨੇ ਦੇ ਆਖਰੀ ਪੰਦਰਵਾੜੇ ਵਿੱਚ ਸਰਬੰਸ ਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪਰਿਵਾਰ ਵਿਛੋੜਾ ਅਤੇ ਚਾਰੇ ਸਹਿਬਜ਼ਾਦਿਆਂ ਦੀਆਂ ਸ਼ਹਾਦਤਾਂ ਹੋਈਆਂ ਸਨ। ਸਿੱਖਿਆ ਵਿਭਾਗ ਪੰਜਾਬ ਵੱਲੋਂ ਇਹਨਾਂ ਲਾਸਾਨੀ ਸ਼ਹਾਦਤਾਂ ਨੂੰ ਸਮਰਪਿਤ ਪੰਜਾਬ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਮਿਤੀ 23-12-2022 ਨੂੰ ਹੇਠ ਲਿਖੇ ਅਨੁਸਾਰ ਗਤੀਵਿਧੀਆਂ ਕਰਵਾਈਆਂ ਜਾਣੀਆਂ ਹਨ:

| ਲੜ੍ਹੀ ਨੰ | ਸਮਾਂ | ਕਿਰਿਆਵਾਂ ਦਾ ਵੇਰਵਾ |
|---|---|---|
| 1. | 9:00 ਤੋਂ 9:20 | ਸਵੇਰ ਦੀ ਸਭਾ। |
| 2. | 9:20 ਤੋਂ 10:20 | ਵਿਦਿਆਰਥੀਆਂ ਵੱਲੋਂ ਸ਼ਹੀਦੀ ਹਫ਼ਤੇ ਨਾਲ ਸਬੰਧਤ ਕਵਿਤਾ/ਗੀਤ/ਸ਼ਬਦ/ਵਾਰ ਗਾਇਨ ਮੁਕਾਬਲੇ। |
| 3. | 10:20 ਤੋਂ 11:00 | ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਵਿਛੋੜੇ ਅਤੇ ਸ਼ਹੀਦੀ ਸਾਕੇ ਨਾਲ ਸਬੰਧਤ ਵਿਦਿਆਰਥੀਆਂ ਦੇ ਭਾਸ਼ਨ/ਵਿੱਦਿਅਕ ਮੁਕਾਬਲੇ। |
| 4. | 11:00 ਤੋਂ 11:30 | ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਵਿਛੋੜੇ ਅਤੇ ਸ਼ਹੀਦੀ ਸਾਕੇ ਨਾਲ ਸਬੰਧਤ ਸਕੂਲ ਮੁਖੀ/ ਅਧਿਆਪਕਾਂ/ਸਟਾਫ ਵੱਲੋਂ ਵਿਸ਼ੇਸ਼ ਸਿੱਖਿਆਦਾਇਕ ਪੇਸ਼ਕਾਰੀਆਂ। |

3.0 ਜਿਨ੍ਹਾਂ ਜ਼ਿਲ੍ਹਿਆਂ ਵਿੱਚ ਮਾਨਯੋਗ ਡਿਪਟੀ ਕਮਿਸ਼ਨਰ ਸਹਿਬਾਨਾਂ ਵੱਲੋਂ ਸਕੂਲਾਂ ਦਾ ਸਮਾਂ ਤਬਦੀਲ ਕੀਤਾ ਗਿਆ ਹੈ, ਉਹ ਸਕੂਲ ਮੁੱਖੀ ਆਪਣੇ ਸਕੂਲ ਲੱਗਣ ਦੇ ਟਾਇਮ ਟੇਬਲ ਅਨੁਸਾਰ ਹੀ ਇਹ ਗਤੀਵਿਧੀਆਂ ਕਰਵਾਉਣਗੇ।

4.0 ਸਮੂਹ ਸਕੂਲ ਮੁਖੀ ਉਕਤ ਦਰਸਾਏ ਅਨੁਸਾਰ ਆਪਣੇ ਸਕੂਲਾਂ ਵਿੱਚ ਗਤੀਵਿਧੀਆਂ ਕਰਵਾਉਣੀਆਂ ਯਕੀਨੀ ਬਣਾਉਣ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।**

ਪਿੱਠ ਅੰਕਣ ਨੰ: ਉਕਤ ਮਿਤੀ: 16/12/2022

ਉਪਰੋਕਤ ਦਾ ਉਤਾਰ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:

1. ਪੀ.ਏ. ਟੂ ਡੀ.ਜੀ.ਐਸ.ਈ.
2. ਪੀ.ਏ.ਟੂ ਡੀ.ਪੀ.ਆਈ. (ਸੈ.ਸਿ.)/(ਐ.ਸਿ.)

**ਸਹਾਇਕ ਡਾਇਰੈਕਟਰ**

**ਰਾਜ ਵਿੱਦਿਅਕ ਖੋਜ਼ ਅਤੇ ਸਿਖਲਾਈ ਪ੍ਰੀਸ਼ਦ,ਪੰਜਾਬ।**